# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com


Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਪੰਜਾਬ ਵਿੱਚ ਪੁਸਤਕ ਸੱਭਿਆਚਾਰ ਦੀ ਉਸਾਰੀ ਵਾਸਤੇ "ਬਰਗਾੜੀ ਮਾਡਲ" ਅਪਨਾਉਣ ਦੀ ਸਖ਼ਤ ਲੋੜ— ਪ੍ਰੋ. ਗੁਰਭਜਨ ਸਿੰਘ ਗਿੱਲ

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾਃ 1 ਅਗਸਤ : ਪੰਜਾਬ ਵਿੱਚ ਪੁਸਤਕ ਸੱਭਿਆਚਾਰ ਦੀ ਉਸਾਰੀ ਵਾਸਤੇ ਪੀਪਲਜ਼ ਫੋਰਮ ਬਰਗਾੜੀ ਮਾਡਲ ਅਪਨਾਉਣ ਦੀ ਸਖ਼ਤ ਲੋੜ ਹੈ। ਫ਼ਰੀਦਕੋਟ ਜ਼ਿਲ੍ਹੇ ਦੇ ਚਰਚਿਤ ਪਿੰਡ ਬਰਗਾੜੀ ਤੇ ਇਲਾਕੇ ਦੈ 23 ਨੌਜਵਾਨਾਂ ਨੇ ਸਾਲ 2000 ਵਿੱਚ ਪੁਸਤਕ ਸੱਭਿਆਚਾਰ ਅਤੇ ਸਾਹਿੱਤ, ਸਿਹਤ ਅਤੇ ਸੱਫਿਆਚਾਰ ਦੀ ਉਸਾਰੀ ਲਈ ਕਮਰਕੱਸਾ ਕੀਤਾ ਤੇ ਲਗਾਤਾਰ ਸਰਗਰਮੀ ਕਰਕੇ ਪੰਜਾਬ ਨੂੰ ਸਾਹਿੱਤ ਅਤੇ ਵਾਤਾਵਰਣ ਪੱਖੋਂ ਮਹੱਤਵਪੂਰਨ ਕੰਮ ਕੀਤਾ ਹੈ। ਪੀਪਲਜ਼ ਫੋਰਮ ਵੱਲੋਂ ਹੁਣ ਤੀਕ ਪੁਸਤਕ ਮੇਲੇ, ਵਾਤਾਵਰਣ ਸੰਭਾਲ ਅਤੇ ਘਰ ਘਰ ਲਾਇਬਰੇਰੀ ਉਸਾਰਨ ਦਾ ਕੰਮ ਆਰੱਭ ਕੇ ਸ਼ਲਾਘਾਯੋਗ ਕਾਰਜ ਕੀਤਾ ਹੈ।

ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਹੈ ਕਿ ਨਿੱਕੇ ਨਿੱਕੇ ਸਮੂਹ ਬਣਾ ਕੇ ਇਸ ਢੰਗ ਨਾਲ ਪੁਸਤਕ ਸੱਭਿਆਚਾਰ ਦੀ ਉਸਾਰੀ ਕੀਤੀ ਜਾ ਸਕਦੀ ਹੈ।

ਖੁਸ਼ਵੰਤ ਬਰਗਾੜੀ ਨੇ ਇਸ ਮੌਕੇ ਗੁਰਬਚਨ ਸਿੰਘ ਭੁੱਲਰ ਵੱਲੋਂ ਮਾਂ ਬੋਲੀ ਪੰਜਾਬੀ ਬਾਰੇ ਲਿਖੀ ਸੱਜਰੀ ਪੁਸਤਕ " ਪੰਜਾਬੀ ਵਿੱਚ ਕਾਂਜੀ- ਕਿਸ ਦੀ ਮਜਾਲ" ਦੀ ਕਾਪੀ ਵੀ ਗੁਰਭਜਨ ਸਿੰਘ ਗਿੱਲ ਨੂੰ ਭੇਂਟ ਕੀਤੀ।

ਖੁਸ਼ਵੰਤ ਬਰਗਾੜੀ ਨੇ ਦੱਸਿਆ ਕਿ ਪੁਸਤਕਾਂ ਦਾ ਸੈੱਟ ਹਰ ਦੋ ਮਹੀਨੇ ਬਾਦ ਭੇਜਿਆ ਜਾਂਦਾ ਹੈ ਅਤੇ ਜੁਲਾਈ- ਅਗਸਤ 2026 ਦੇ ਇਸ ਸੈੱਟ ਵਿੱਚ ਬਲਬੀਰ ਪਰਵਾਨਾ ਦਾ ਨਵਾਂ ਕਹਾਣੀ ਸੰਗ੍ਰਹਿ "ਸਭ ਤੋਂ ਉਦਾਸ ਇਬਾਰਤ",ਹਰਮੀਤ ਵਿਦਿਆਰਥੀ ਦੀ ਕਿਸਾਨ ਮੋਰਚੇ ਦੌਰਾਨ ਲਿਖੀ ਸਿਰਜਣਾਤਮਕ ਡਾਇਰੀ "ਧਰਤਿ ਨੇ ਬੋਲਣਾ ਹੀ ਸੀ" ਅਤੇ ਕੁਮਾਰ ਜਗਦੇਵ ਦੀ ਵਾਰਤਕ ਪੁਸਤਕ " ਮੈਲ਼ੇ ਲੱਠੇ ਦੀ ਝਾਲਰ ਅਤੇ ਪੰਜਾਬੀ ਸਾਹਿੱਤ ਸਭਾ ਨਵੀਂ ਦਿੱਲੀ ਦਾ ਤ੍ਰੈਮਾਸਿਕ ਪੱਤਰ "ਸਮਕਾਲੀ ਸਾਹਿੱਤ"ਵੀ ਹਰ ਵਾਰ ਵਾਂਗ ਭੇਜਿਆ ਜਾ ਰਿਹਾ ਹੈ।

ਬੀਤੀ ਸ਼ਾਮ ਪੀਪਲਜ਼ ਫੋਰਮ ਦੇ ਆਗੂ ਖੁਸ਼ਵੰਤ ਬਰਗਾੜੀ ਨੇ ਲੁਧਿਆਣਾ ਵਿੱਚ ਪ੍ਰੋ. ਗਿੱਲ ਨੂੰ ਦੱਸਿਆ ਕਿ ਸਾਲ 2013 ਤੋਂ ਬਿਨਾਂ ਕਿਸੇ ਸਰਕਾਰ ਜਾਂ ਸੰਸਥਾ ਤੋਂ ਆਰਥਿਕ ਮਦਦ ਲਏ ਫੋਰਮ ਵੱਲੋਂ ਹੁਣ ਤੀਕ 350 ਪੁਸਤਕਾਂ ਛਾਪ ਕੇ ਘਰੇਲੂ ਲਾਇਬਰੇਰੀਆਂ ਲਈ ਭੇਜੀਆਂ ਜਾ ਚੁੱਕੀਆਂ ਹਨ। ਵਰਨਣ ਯੋਗ ਗੱਲ ਇਹ ਹੈ ਕਿ ਕਿਸੇ ਵੀ ਲੇਖਕ ਕੋਲੋਂ ਪੁਸਤਕ ਪ੍ਰਕਾਸ਼ਨ ਲਈ ਪੈਸੇ ਨਹੀਂ ਲਏ ਜਾਂਦੇ ਸਗੋਂ ਹਰ ਲੇਖਕ ਨੂੰ ਰਾਇਲਟੀ ਵਜੋਂ ਕੁਝ ਪੁਸਤਕਾ ਭੇਂਟ ਕੀਤੀਆਂ ਜਾਂਦੀਆਂ ਹਨ। ਖੁਸ਼ਵੰਤ ਬਰਗਾੜੀ ਨੇ ਦੱਸਿਆ ਕਿ ਸਿਰਫ਼ 350/- ਰੁਪਏ ਵਿੱਚ ਚਾਰ ਕਿਤਾਬਾਂ ਦਾ ਸੈੱਟ ਪੰਜਾਬ ਤੇ ਹੋਰ ਸੂਬਿਆਂ ਵਿੱਚ ਵੱਸਦੇ 750 ਪੰਜਾਬੀ ਪਰਿਵਾਰਾਂ ਨੂੰ ਡਾਕ ਰਾਹੀਂ ਭੇਜਿਆ ਜਾਂਦਾ ਹੈ। ਦੇਸ਼ ਵਿੱਚ ਕਿਸੇ ਤੋਂ ਵੀ ਵਾਧੂ ਡਾਕ ਖ਼ਰਚ ਨਹੀਂ ਲਿਆ ਜਾਂਦਾ। ਬਦੇਸ਼ ਵੱਸਦੇ 50 ਪੰਜਾਬੀ ਪਰਿਵਾਰ ਵੀ ਇਸ ਘਰੇਲੂ ਪੁਸਤਕ ਲਾਇਬਰੇਰੀ ਦਾ ਹਿੱਸਾ ਬਣ ਚੁਕੇ ਹਨ।

ਪੀਪਲਜ਼ ਫੋਰਮ ਦਾ ਨਾਅਰਾ ਹੈ ਕਿ ਸਿਰਫ਼ ਅੱਧਾ ਕੱਪ ਚਾਹ ਦਾ ਮੁੱਲ ਹਰ ਰੋਜ਼ ਬੱਚਾ ਕੇ ਘਰ ਘਰ ਅੰਦਰ ਸ਼ਬਦ ਪ੍ਰਕਾਸ਼ ਕੀਤਾ ਜਾ ਸਕਦੇ ਹੈ।

ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਪੰਜਾਬ ਦੀਆਂ ਖੇਡ ਕਲੱਬਾਂ, ਸਾਹਿੱਤ ਤੇ ਸੱਭਿਆਚਾਰ ਨਾਲ ਸਬੰਧਿਤ ਸਭਾਵਾਂ ਨੂੰ ਸੁਝਾਅ ਦਿੱਤਾ ਹੈ ਕਿ ਪੰਜਾਬ ਨੂੰ ਸ਼ਬਦ ਭੂਮੀ ਬਣਾਉਣ ਲਈ ਰਲ ਕੇ ਹੰਭਲਾ ਮਾਰਨਾ ਪਵੇਗਾ ਤਾਂ ਜੋ ਮਾਨਸਿਕ ਤੌਰ ਤੇ ਬੰਜਰ ਹੋ ਰਹੇ ਪੰਜਾਬ ਨੂੰ ਗਿਆਨ ਸਾਹਿੱਤ ਸਹਾਰੇ ਮੁੜ ਹਰਿਆਲੀ ਮੁਹਾਂਦਰੇ ਵਾਲਾ ਬਣਾਇਆ ਜਾ ਸਕੇ।

ਖੁਸ਼ਵੰਤ ਬਰਗਾੜੀ ਨੇ ਦੱਸਿਆ ਕਿ 2013 ਤੋਂ ਲੈ ਕੇ ਹੁਣ ਤੀਕ ਲਗਪਗ 70 ਹਜ਼ਾਰ ਕਿਤਾਬਾਂ ਘਰ ਘਰ ਪਹੁੰਚਾਈਆਂ ਗਈਆਂ ਹਨ। ਪੀਪਲਜ਼ ਫੋਰਮ ਬਰਗਾੜੀ ਦੀਆਂ ਪ੍ਰਕਾਸ਼ਨਾਵਾਂ ਪੰਜਾਬ ਦੇ ਮੁੱਖ ਪੁਸਤਕ ਵਿਕਰੇਤਾਵਾਂ ਤੋਂ ਵੀ ਮਿਲ ਜਾਂਦੀਆਂ ਹਨ।

## ਸਾਡਿਆਂ ਸਵਾਲਾਂ ਦੇ ਜਵਾਬ ਸਾਨੂੰ ਮੋੜ ਦੇ

ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ

ਸਾਡਿਆਂ ਸਵਾਲਾਂ ਦੇ ਜਵਾਬ ਸਾਨੂੰ ਮੋੜ ਦੇ ।
ਜ਼ਾਲਮਾ ਤੂੰ ਸਾਡਾ ਹੀ ਪੰਜਾਬ ਸਾਨੂੰ ਮੋੜ ਦੇ ।

ਮਹਿਲ ਤੂੰ ਸੰਭਾਲ ਸਾਨੂੰ ਢਾਰਿਆਂ 'ਚ ਰਹਿਣ ਦੇ ।
ਦਿਲ ਵਾਲੀ ਵਾਰਤਾ ਜ਼ਬਾਨ ਨੂੰ ਤੂੰ ਕਹਿਣ ਦੇ ।
ਪਿਆਰ ਦੇ ਭੁਲੇਖੇ ਦਾ ਬੁਖ਼ਾਰ ਹੁਣ ਲਹਿਣ ਦੇ ।
ਛੱਡ ਬੇਈਮਾਨਾ! ਬਦਨੀਤੀਆਂ ਤੂੰ ਛੋੜ ਦੇ ।
ਜ਼ਾਲਮਾ ਤੂੰ ਸਾਡਾ ਹੀ ਪੰਜਾਬ ਸਾਨੂੰ ਮੋੜ ਦੇ ।

ਸਾਡੇ ਦਰਿਆਵਾਂ ਨੂੰ ਤੂੰ ਪੁੱਠੇ ਰਾਹੇ ਤੋਰ ਨਾ ।
ਡੋਡੀਆਂ ਗੁਲਾਬ ਦੀਆਂ ਡਾਢਿਆ ਤੂੰ ਭੋਰ ਨਾ ।
ਹੋ ਗਿਆ ਯਕੀਨ, ਵੈਰੀ ਤੇਰੇ ਬਿਨਾ ਹੋਰ ਨਾ ।
ਘੱਟਿਆ' ਚ ਰੋਲ ਨਾ ਤੂੰ ਸੁਪਨੇ ਕਰੋੜ ਦੇ ।
ਜ਼ਾਲਮਾ ਤੂੰ ਸਾਡਾ ਹੀ ਪੰਜਾਬ ਸਾਨੂੰ ਮੋੜ ਦੇ ।

ਮਾਲਕੀ ਤਿਆਗ, ਅਜ ਠੰਢੇ ਹੌਕੇ ਭਰਦੇ ।
ਮਰ ਗਏ ਆਂ ਅਸੀਂ ਤੇਰਾ ਚੌਂਕੀਦਾਰਾ ਕਰਦੇ ।
ਪਾਟੇ ਪਰਨੋਟ ਸਾਥੋਂ ਆਪਣੇ ਹੀ ਘਰ ਦੇ ।
ਜਿੱਥੇ ਕਿਤੇ ਲਿਖੇ ਸੀ ਕਿਤਾਬ ਸਾਨੂੰ ਮੋੜ ਦੇ ।
ਜ਼ਾਲਮਾ ! ਤੂੰ ਸਾਡਾ ਹੀ ਪੰਜਾਬ ਸਾਨੂੰ ਮੋੜ ਦੇ ।

ਸੱਤਾਂ ਦਰਿਆਵਾਂ ਤੋਂ ਸੀ ਪੰਜਾਂ ਉੱਤੇ ਆ ਗਏ ।
ਚੀਰਿਆ ਤੂੰ ਲੱਕੋਂ, ਅਸੀਂ ਢਾਈਆਂ ਉੱਤੇ ਆ ਗਏ ।
ਸਾਡੇ ਹੀ ਨਾਲਾਇਕ ਪੁੱਤ, ਸਾਨੂੰ ਵੇਚ ਖਾ ਗਏ ।
ਤਿੜਕੇ ਯਕੀਨ ਤੂੰ ਪਿਆਰ ਨਾਲ ਜੋੜ ਦੇ ।
ਵੈਰੀਆ ! ਤੂੰ ਸਾਡਾ ਹੀ ਪੰਜਾਬ ਸਾਨੂੰ ਮੋੜ ਦੇ ।

ਬਣ ਜਾਣ ਵੇਖੀਂ ਕਿਤੇ ਹੱਥ ਹਥਿਆਰ ਨਾ ।
ਡਿੱਗਿਆਂ ਨੂੰ ਹੋਰ ਤੂੰ ਕਸੂਤੀ ਮਾਰ ਮਾਰ ਨਾ ।
ਤੰਦ ਟੁੱਟ ਜਾਵੇ, ਕਾਇਮ ਰਹਿੰਦਾ ਰਾਣੀਹਾਰ ਨਾ ।
ਸਦਾ ਹੀ ਸਿਆਣੇ, ਮਨ ਬਦੀ ਵੱਲੋਂ ਹੋੜਦੇ ।
ਜ਼ਾਲਮਾਂ! ਤੂੰ ਸਾਡਾ ਹੀ ਪੰਜਾਬ ਸਾਨੂੰ ਮੋੜ ਦੇ ।

ਸਾਡੀਆਂ ਜ਼ਮੀਨਾਂ ਤੇ ਬਾਜ਼ਾਰ ਸਾਥੋਂ ਖੋਹ ਨਾ ।
ਏਸ ਨਾਲੋਂ ਵੱਡਾ ਹੋਰ ਕੋਈ ਵੀ ਧਰੋਹ ਨਾ ।
ਤੇਰੇ ਨਾਲੋਂ ਘੱਟ ਸਾਨੂੰ, ਦੇਸ਼ ਨਾਲ ਮੋਹ ਨਾ ।
ਬਾਜ਼ਾਂ ਦੇ ਹਾਂ ਪੁੱਤ, ਭਾਵੇਂ ਜੰਮੇ ਵਿੱਚ ਖੋੜ ਦੇ ।
ਵੈਰੀਆ! ਤੂੰ ਸਾਡਾ ਹੀ ਪੰਜਾਬ ਸਾਨੂੰ ਮੋੜ ਦੇ ।

ਕਿੰਨੀਆਂ ਸਤਾਈਆਂ, ਆਈਆਂ ਰਣ ਵਿੱਚ ਚੁੰਨੀਆਂ ।
ਜਿੰਨ੍ਹਾਂ ਦੀਆਂ ਰੀਝਾਂ ਨੇ ਤੂੰ ਸੂਲਾਂ ਚ ਪਰੁੰਨੀਆਂ ।
ਆਸਾਂ ਦੇ ਚਿਰਾਗਾਂ ਬਿਨਾ ਅੱਖੀਆਂ ਨੇ ਸੁੰਨੀਆਂ ।
ਜਿੰਨ੍ਹਾਂ ਦੇ ਨੇ ਹੱਥ ਭਲਾ ਸਭਨਾਂ ਦਾ ਲੋੜਦੇ ।
ਜ਼ਾਲਮਾ! ਤੂੰ ਸਾਡਾ ਹੀ ਪੰਜਾਬ ਸਾਨੂੰ ਮੋੜ ਦੇ।

## "ਤੀਆਂ 2026" ਨੂੰ ਮਿਲਿਆ ਭਰਵਾਂ ਹੁੰਗਾਰਾ ਹਜ਼ਾਰਾਂ ਯਾਦਾਂ ਨਾਲ ਸਮਾਪਤ ਹੋਇਆ ਸ਼ਾਨਦਾਰ ਸੱਭਿਆਚਾਰਕ ਸਮਾਗਮ – ਅਰਸ਼ ਸੱਚਰ

### ਸਮੂਹ ਭਾਗੀਦਾਰਾਂ, ਮਾਪਿਆਂ, ਮਹਿਮਾਨਾਂ, ਸਹਿਯੋਗੀਆਂ ਅਤੇ ਫਰੀਦਕੋਟ ਵਾਸੀਆਂ ਦਾ ਦਿਲੋਂ ਧੰਨਵਾਦ – ਅਰਸ਼ ਸੱਚਰ

ਵਰਲਡ ਪੰਜਾਬੀ ਟਾਈਮਜ਼
ਸ਼ਿਵਨਾਥ




ਫਰੀਦਕੋਟ 1 ਅਗਸਤ : ਹੋਟਲ ਸ਼ਾਹੀ ਹਵੇਲੀ, ਫਰੀਦਕੋਟ ਵਿਖੇ ਸਮਾਜ ਸੇਵੀ ਅਰਸ਼ ਸੱਚਰਦੀ ਅਗਵਾਈ ਹੇਠ ਕਰਵਾਇਆ ਗਿਆ "ਤੀਆਂ 2026" ਦਾ ਸੱਭਿਆਚਾਰਕ ਮੇਲਾ ਬੇਹੱਦ ਉਤਸ਼ਾਹ, ਖੁਸ਼ੀਆਂ ਅਤੇ ਪੰਜਾਬੀ ਰੰਗਾਂ ਵਿਚਕਾਰ ਸ਼ਾਨਦਾਰ ਢੰਗ ਨਾਲ ਸੰਪੰਨ ਹੋਇਆ। ਇਸ ਸਮਾਗਮ ਵਿੱਚ ਫਰੀਦਕੋਟ ਅਤੇ ਆਲੇ-ਦੁਆਲੇ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਮਾਵਾਂ, ਭੈਣਾਂ, ਧੀਆਂ ਅਤੇ ਪਰਿਵਾਰਾਂ ਨੇ ਸ਼ਮੂਲੀਅਤ ਕਰਕੇ ਇਸ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ। ਅਰਸ਼ ਸੱਚਰ ਨੇ ਸਮੂਹ ਭਾਗੀਦਾਰਾਂ, ਉਨ੍ਹਾਂ ਦੇ ਮਾਪਿਆਂ, ਪਰਿਵਾਰਾਂ, ਮਹਿਮਾਨਾਂ, ਸਹਿਯੋਗੀਆਂ, ਵਲੰਟੀਅਰਾਂ, ਮੀਡੀਆ ਸਾਥੀਆਂ ਅਤੇ ਹਰ ਉਸ ਵਿਅਕਤੀ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਅਤੇ ਪਿਆਰ ਸਦਕਾ ਇਹ ਸਮਾਗਮ ਇੰਨੀ ਸਫਲਤਾ ਨਾਲ ਸੰਪੰਨ ਹੋਇਆ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲਿਆ ਪਿਆਰ, ਸਤਿਕਾਰ, ਆਸ਼ੀਰਵਾਦ ਅਤੇ ਭਰੋਸਾ ਹੀ ਸਾਡੀ ਸਭ ਤੋਂ ਵੱਡੀ ਤਾਕਤ ਹੈ ਅਤੇ ਇਹ ਸਾਨੂੰ ਸਮਾਜ ਸੇਵਾ ਦੇ ਰਾਹ 'ਤੇ ਹੋਰ ਵੱਧ ਮਿਹਨਤ ਕਰਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਤੀਆਂ ਵਰਗੇ ਸੱਭਿਆਚਾਰਕ ਸਮਾਗਮ ਸਾਡੀ ਪੰਜਾਬੀ ਵਿਰਾਸਤ, ਸੱਭਿਆਚਾਰ ਅਤੇ ਰਵਾਇਤਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਸਾਧਨ ਹਨ। ਸਾਨੂੰ ਖੁਸ਼ੀ ਹੈ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੇ ਵੀ ਬੜੇ ਉਤਸ਼ਾਹ ਨਾਲ ਪੰਜਾਬੀ ਸੱਭਿਆਚਾਰ ਨੂੰ ਅਪਣਾਇਆ ਅਤੇ ਇਸ ਸਮਾਗਮ ਨੂੰ ਕਾਮਯਾਬ ਬਣਾਉਣ ਵਿੱਚ ਆਪਣਾ ਯੋਗਦਾਨ ਪਾਇਆ।

ਅਰਸ਼ ਸੱਚਰ ਨੇ ਕਿਹਾ ਕਿ ਲੋਕਾਂ ਦੇ ਇਸ ਪਿਆਰ ਅਤੇ ਆਸ਼ੀਰਵਾਦ ਨੂੰ ਉਹ ਹਮੇਸ਼ਾ ਆਪਣੀ ਜ਼ਿੰਮੇਵਾਰੀ ਸਮਝਦੇ ਹਨ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਸਮਾਜਿਕ, ਸੱਭਿਆਚਾਰਕ, ਨੌਜਵਾਨਾਂ ਨੂੰ ਪ੍ਰੇਰਿਤ ਕਰਨ ਵਾਲੇ ਅਤੇ ਲੋਕ ਭਲਾਈ ਦੇ ਪ੍ਰੋਗਰਾਮ ਲਗਾਤਾਰ ਕਰਵਾਏ ਜਾਣਗੇ, ਤਾਂ ਜੋ ਸਮਾਜ ਵਿੱਚ ਆਪਸੀ ਭਾਈਚਾਰਾ, ਸੱਭਿਆਚਾਰ ਅਤੇ ਸੇਵਾ ਦੀ ਭਾਵਨਾ ਹੋਰ ਮਜ਼ਬੂਤ ਹੋ ਸਕੇ। ਅੰਤ ਵਿੱਚ ਉਨ੍ਹਾਂ ਇੱਕ ਵਾਰ ਫਿਰ ਸਮੂਹ ਫਰੀਦਕੋਟ ਵਾਸੀਆਂ, ਸਾਰੀਆਂ ਮਾਵਾਂ, ਭੈਣਾਂ, ਧੀਆਂ, ਮਾਪਿਆਂ, ਸਹਿਯੋਗੀਆਂ ਅਤੇ ਸ਼ੁਭਚਿੰਤਕਾਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਤੁਹਾਡਾ ਪਿਆਰ, ਵਿਸ਼ਵਾਸ ਅਤੇ ਆਸ਼ੀਰਵਾਦ ਹੀ ਸਾਡੀ ਅਸਲ ਪੂੰਜੀ ਹੈ। ਆਓ, ਅਸੀਂ ਸਾਰੇ ਮਿਲ ਕੇ ਆਪਣੀ ਅਮੀਰ ਪੰਜਾਬੀ ਵਿਰਾਸਤ ਅਤੇ ਸੱਭਿਆਚਾਰ ਨੂੰ ਅੱਗੇ ਵਧਾਉਣ ਅਤੇ ਸਮਾਜ ਸੇਵਾ ਦੇ ਅਜਿਹੇ ਉਪਰਾਲਿਆਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਇਕੱਠੇ ਕੰਮ ਕਰੀਏ।

## ਲੁਧਿਆਣਾ ਦੇ ਨੌਜਵਾਨ ਤੈਰਾਕਾਂ ਨੇ ਕਾਇਮ ਕੀਤੇ ਨਵੇਂ ਮਾਪਦੰਡ; ਰਿਕਾਰਡ ਗਿਣਤੀ ਵਿੱਚ ਤਗਮੇ ਜਿੱਤ ਕੇ ਜ਼ਿਲ੍ਹੇ ਦਾ ਨਾਂ ਰੌਸ਼ਨ ਕੀਤਾ

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ 1 ਅਗਸਤ : ਲੁਧਿਆਣਾ ਦੇ ਨੌਜਵਾਨ ਤੈਰਾਕੀ ਪ੍ਰਤਿਭਾਸ਼ਾਲੀ ਖਿਡਾਰੀਆਂ ਨੇ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਇੱਕ ਵਾਰ ਫਿਰ ਜ਼ਿਲ੍ਹੇ ਦਾ ਮਾਣ ਵਧਾਇਆ ਹੈ ਅਤੇ ਸ਼ਹਿਰ ਨੂੰ ਖੇਡਾਂ ਦੇ ਖੇਤਰ ਵਿੱਚ ਉੱਤਮਤਾ ਦੇ ਪ੍ਰਮੁੱਖ ਕੇਂਦਰਾਂ ਵਿੱਚੋਂ ਇੱਕ ਵਜੋਂ ਸਥਾਪਿਤ ਕੀਤਾ ਹੈ।

ਤੈਰਾਕਾਂ ਨੇ ਜ਼ਿਲ੍ਹਾ ਪੱਧਰੀ ਚੈਂਪੀਅਨਸ਼ਿਪਾਂ ਵਿੱਚ 62 ਸੋਨੇ, 35 ਚਾਂਦੀ ਅਤੇ 8 ਕਾਂਸੀ ਦੇ ਤਗਮੇ ਜਿੱਤ ਕੇ ਕਮਾਲ ਦੀ ਦ੍ਰਿੜ੍ਹਤਾ ਅਤੇ ਹੁਨਰ ਦਾ ਪ੍ਰਦਰਸ਼ਨ ਕੀਤਾ। ਰਾਜ ਪੱਧਰੀ ਚੈਂਪੀਅਨਸ਼ਿਪਾਂ ਵਿੱਚ ਵੀ ਆਪਣਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖਦਿਆਂ, ਤੈਰਾਕਾਂ ਨੇ 45 ਸੋਨੇ, 20 ਚਾਂਦੀ ਅਤੇ 26 ਕਾਂਸੀ ਦੇ ਤਗਮੇ ਹਾਸਲ ਕੀਤੇ, ਜਿਸ ਨਾਲ ਮੁਕਾਬਲੇਬਾਜ਼ੀ ਵਾਲੀ ਤੈਰਾਕੀ ਵਿੱਚ ਲੁਧਿਆਣਾ ਦੀ ਸਾਖ ਹੋਰ ਮਜ਼ਬੂਤ ਹੋਈ। ਵੱਕਾਰੀ ਸੀਬੀਐਸਈ (CBSE) ਨੌਰਥ ਜ਼ੋਨ ਕਲੱਸਟਰ ਚੈਂਪੀਅਨਸ਼ਿਪ ਵਿੱਚ, ਜ਼ਿਲ੍ਹੇ ਦੇ ਤੈਰਾਕਾਂ ਨੇ 7 ਸੋਨੇ, 4 ਚਾਂਦੀ ਅਤੇ 1 ਕਾਂਸੀ ਦਾ ਤਗਮਾ ਜਿੱਤ ਕੇ ਇੱਕ ਹੋਰ ਪ੍ਰਾਪਤੀ ਆਪਣੇ ਨਾਂ ਕੀਤੀ।

ਇਸ ਖੁਸ਼ੀ ਦੇ ਮੌਕੇ 'ਤੇ, ਲੁਧਿਆਣਾ ਦੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ ਬੁੱਧਵਾਰ ਨੂੰ ਐਮ.ਸੀ. (MC) ਸਵੀਮਿੰਗ ਪੂਲ ਦਾ ਦੌਰਾ ਕੀਤਾ ਅਤੇ ਨੌਜਵਾਨ ਤੈਰਾਕਾਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਵਧਾਈ ਦਿੱਤੀ। ਉਨ੍ਹਾਂ ਨੇ ਖਿਡਾਰੀਆਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਅਨੁਸ਼ਾਸਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਸ਼ਾਨਦਾਰ ਪ੍ਰਦਰਸ਼ਨਾਂ ਨੇ ਲੁਧਿਆਣਾ ਜ਼ਿਲ੍ਹੇ ਲਈ ਬਹੁਤ ਮਾਣ ਅਤੇ ਪਛਾਣ ਹਾਸਲ ਕੀਤੀ ਹੈ।

ਡਿਪਟੀ ਕਮਿਸ਼ਨਰ ਨੇ ਤੈਰਾਕਾਂ ਨੂੰ ਉੱਤਮਤਾ ਲਈ ਲਗਾਤਾਰ ਯਤਨਸ਼ੀਲ ਰਹਿਣ ਲਈ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਦੇ ਉੱਜਵਲ ਅਤੇ ਸਫਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਅਣਗਿਣਤ ਨੌਜਵਾਨ ਖਿਡਾਰੀਆਂ ਨੂੰ ਸਮਰਪਣ ਅਤੇ ਦ੍ਰਿੜ੍ਹਤਾ ਨਾਲ ਖੇਡਾਂ ਵੱਲ ਵਧਣ ਲਈ ਪ੍ਰੇਰਿਤ ਕਰਦੀਆਂ ਹਨ ਅਤੇ ਨਾਲ ਹੀ ਖੇਡ ਪ੍ਰਤਿਭਾ ਦੇ ਕੇਂਦਰ ਵਜੋਂ ਲੁਧਿਆਣਾ ਦੀ ਪਛਾਣ ਨੂੰ ਮਜ਼ਬੂਤ ਕਰਦੀਆਂ ਹਨ।

ਡਿਪਟੀ ਕਮਿਸ਼ਨਰ ਨੇ ਓਜਸ ਸੁੰਦ ਨੂੰ ਵੀ ਵਿਸ਼ੇਸ਼ ਵਧਾਈ ਦਿੱਤੀ, ਜਿਸ ਨੇ ਰਾਸ਼ਟਰੀ ਪੱਧਰ 'ਤੇ ਚਾਰ ਤਗਮੇ ਜਿੱਤਣ ਦੀ ਅਸਾਧਾਰਨ ਪ੍ਰਾਪਤੀ ਕਰਕੇ ਇਤਿਹਾਸ ਰਚਿਆ; ਉਹ ਪੂਰੇ ਉੱਤਰੀ ਭਾਰਤ ਜ਼ੋਨ ਵਿੱਚੋਂ ਅਜਿਹਾ ਕਰਨ ਵਾਲਾ ਇਕਲੌਤਾ ਤੈਰਾਕ ਬਣਿਆ ਹੈ। ਇਸ ਪ੍ਰਾਪਤੀ ਨੂੰ ਜ਼ਿਲ੍ਹੇ ਲਈ ਬਹੁਤ ਮਾਣ ਵਾਲਾ ਪਲ ਦੱਸਦਿਆਂ ਉਨ੍ਹਾਂ ਕਿਹਾ ਕਿ ਓਜਸ ਦੀ ਸਫਲਤਾ ਪੰਜਾਬ ਅਤੇ ਦੇਸ਼ ਭਰ ਦੇ ਉਭਰਦੇ ਤੈਰਾਕਾਂ ਲਈ ਪ੍ਰੇਰਨਾ ਸਰੋਤ ਬਣੇਗੀ।

ਸ੍ਰੀ ਹਿਮਾਂਸ਼ੂ ਜੈਨ ਨੇ ਕੋਚ ਮਾਧਵ ਸੁੰਦ ਅਤੇ ਸੌਰਵ ਸ਼ਰਮਾ ਦੇ ਅਣਥੱਕ ਯਤਨਾਂ ਅਤੇ ਵ ਜ਼ਿਲ੍ਹਾ ਪ੍ਰਸ਼ਾਸਨ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਹਰ ਸੰਭਵ ਸਹਿਯੋਗ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ, ਤਾਂ ਜੋ ਲੁਧਿਆਣਾ ਅਜਿਹੇ ਚੈਂਪੀਅਨ ਪੈਦਾ ਕਰਨਾ ਜਾਰੀ ਰੱਖ ਸਕੇ ਜੋ ਰਾਜ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਨ।

## ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀਨੌਂ ਵਿੱਚ ਤੀਜ ਦੇ ਤਿਉਹਾਰ ਦੀ ਧੂਮ

### ਨਰਸਰੀ ਕਲਾਸ ਤੋਂ ਐਲ.ਕੇ.ਜੀ ਯੂ.ਕੇ.ਜੀ. ਦੇ ਬੱਚਿਆਂ 'ਚ ਮਾਡਲਿੰਗ ਕਰਵਾਈ

### ਗੁਰਬਾਣੀ ਨੂੰ ਦਿੱਤਾ ਗਿਆ ਧੀਆਂ ਦੀ ਰਾਣੀ ਦਾ ਖਿਤਾਬ : ਬਲਜੀਤ ਸਿੰਘ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ





ਕੋਟਕਪੂਰਾ, 1 ਅਗਸਤ : ਦਸ਼ਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀਨੌਂ ਵਿੱਚ ਤੀਜ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਇਸ ਦਿਨ ਦੀ ਸ਼ੁਰੂਆਤ ਸਕੂਲ ਦੇ ਵਿਦਿਆਰਥਣਾ ਦੀ ਫੁਲਕਾਰੀ ਨਾਲ ਸਵਾਗਤ ਕਰਕੇ ਕੀਤੀ ਗਈ। ਸ਼੍ਰੀਮਤੀ ਸੁਖਪਾਲ ਕੌਰ ਅਤੇ ਮੈਡਮ ਰਮਨਦੀਪ ਕੌਰ ਨੇ ਸਮਾਗਮ ਦੀ ਸ਼ੁਰੂਆਤ ਤੀਜ ਦੇ ਤਿਉਹਾਰ ਦੀ ਪਿਛੋਕੜ ਤੇ ਮਹਾਨਤਾ ਨੂੰ ਦੱਸਿਆ ਕਿ ਸਾਉਣ ਦਾ ਮਹੀਨਾ ਬਰਸਾਤ ਦਾ ਮਹੀਨਾ ਹੁੰਦਾ ਹੈ। ਇਸ ਲਈ ਚਾਰ ਚੁਫੇਰੇ ਹਰਿਆਵਲ ਹੋ ਜਾਂਦੀ ਹੈ ਤਾਂ ਹੀ ਸਾਉਣ ਨੂੰ ਤੀਜ ਨੂੰ ਹਰਿਆਲੀ ਤੀਜ ਵੀ ਕਹਿੰਦੇ ਹਨ। ਸਮਾਗਮ ਵਿੱਚ ਬੱਚਿਆਂ ਨੇ ਬਹੁਤ ਸਾਰੀਆਂ ਆਈਟਮਾਂ ਪੇਸ਼ ਕੀਤੀਆਂ। ਨਰਸਰੀ ਜਮਾਤ ਦੀਆਂ ਵਿਦਿਆਰਥਣਾਂ ਨੇ ਇੱਕ ਖੂਬਸੂਰਤ ਡਾਂਸ ਪੇਸ਼ ਕੀਤਾ। ਨਰਸਰੀ ਜਮਾਤ ਦੀਆਂ ਵਿਦਿਆਰਥਣਾ ਨੇ ਗਿੱਧਾ ਪਾ ਕੇ ਧੂਮ ਮਚਾ ਦਿੱਤੀ। ਯੂ.ਕੇ.ਜੀ. ਅਤੇ ਫਸਟ ਕਲਾਸ ਦੇ ਵਿਦਿਆਰਥੀਆਂ ਨੇ ਰਲ-ਮਿਲ ਕੇ ਗਰੁੱਪ ਡਾਂਸ ਦੀ ਪੇਸ਼ਕਾਰੀ ਦਿੱਤੀ। ਪਹਿਲੀ ਤੋਂ ਛੇਵੀਂ ਜਮਾਤ ਦੀਆਂ ਵਿਦਿਆਰਥਣਾ ਨੇ ਲੋਕ ਨਾਚ ਰਾਹੀਂ ਆਪਣੀ ਕਲਾਕਾਰੀ ਪੇਸ਼ ਕੀਤੀ। ਸੱਤਵੀਂ ਜਮਾਤ ਦੀਆਂ ਵਿਦਿਆਰਥਨਾਂ ਨੇ ਵੀ ਆਪਣੇ ਗਰੁੱਪ ਡਾਂਸ ਰਾਹੀਂ ਸਭ ਦਾ ਦਿਲ ਮੋਹ ਲਿਆ। ਬੱਚਿਆਂ ਦੇ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਗੇਮਾਂ ਕਰਵਾਈਆਂ ਗਈਆਂ ਅਧਿਆਪਕਾਂ ਵਿੱਚ ਵੀ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ ਕਰਵਾਏ ਗਏ, ਜਿਸ ਨਾਲ ਉਹਨਾਂ ਨੇ ਵੀ ਤੀਜ ਦੇ ਤਿਉਹਾਰ ਦਾ ਆਨੰਦ ਮਾਨਿਆ। ਇਸ ਤੋਂ ਬਾਅਦ ਮਹਿੰਦੀ ਲਾਉਣ ਦਾ ਮੁਕਾਬਲਾ ਕਰਵਾਇਆ ਗਿਆ। ਪਹਿਲੀ ਤੋਂ ਸੱਤਵੀਂ ਜਮਾਤ ਦੀਆਂ ਵਿਦਿਆਰਥਣਾ ਨੇ ਗਿੱਧਾ ਪਾ ਕੇ ਧੂਮ ਮਚਾ ਦਿੱਤੀ। ਸਕੂਲ ਦੇ ਵਿੱਚ ਨਰਸਰੀ ਕਲਾਸ ਤੋਂ ਲੈ ਕੇ ਐਲ.ਕੇ.ਜੀ ਯੂ.ਕੇ.ਜੀ. ਦੇ ਬੱਚਿਆਂ ਵਿੱਚ ਮਾਡਲਿੰਗ ਕਰਵਾਈ ਗਈ। ਗੁਰਬਾਣੀ ਨੂੰ ਧੀਆਂ ਦੀ ਰਾਣੀ ਦਾ ਖਿਤਾਬ ਦਿੱਤਾ ਗਿਆ, ਦਵਨੀਤ ਨੂੰ ਮੇਲਣ ਦਾ, ਅਮਾਨਤ ਨੂੰ ਮਜਾਜਣ ਦਾ, ਏਕਮ ਨੂੰ ਮੇਲਣ ਗਿੱਧੇ ਦਾ ਜੀਆ ਨੂੰ ਪਟੋਲੇ ਦਾ, ਪਰਲਮੀਤ ਨੂੰ ਨਖਰੋ ਦਾ ਖਿਤਾਬ ਦਿੱਤਾ ਗਿਆ। ਅੰਤ ਵਿੱਚ ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਮਿਸ ਤੀਜ ਦਾ ਖਿਤਾਬ ਸੱਤਵੀ ਜਮਾਤ ਦੀ ਵਿਦਿਆਰਥਣ ਐਸ਼ਪ੍ਰੀਤ ਨੂੰ ਦਿੱਤਾ ਗਿਆ। ਸਕੂਲ ਦੀਆਂ ਵਿਦਿਆਰਥਣਾ ਨੇ ਪੀਂਘਾਂ ਝੂਟ ਕੇ ਸਾਵਣ ਮਹੀਨੇ ਦਾ ਆਨੰਦ ਮਾਣਿਆ। ਸਕੂਲ ਦੇ ਐਮ.ਡੀ. ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ ਸਮੇਤ ਪ੍ਰਿੰਸੀਪਲ ਸ਼੍ਰੀਮਤੀ ਰੁਬੀਨਾ ਧੀਰ ਨੇ ਤੀਜ ਦਾ ਤਿਉਹਾਰ ਦੇ ਬਾਰੇ ਦੱਸਿਆ ਤੇ ਸਭ ਨੂੰ ਤੀਜ ਦੇ ਤਿਉਹਾਰ ਦੀ ਵਧਾਈ ਦਿੱਤੀ।